ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਆਪਣੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇਣ: ਡਿਪਟੀ ਕਮਿਸ਼ਨਰ
* ਕਰੋਨਾ ਵਾਇਰਸ ਤੋਂ ਬਚਾਅ ਲਈ ਅਜਿਹੀ ਜਾਣਕਾਰੀ ਸਾਂਝੀ ਕਰਨਾ ਲਾਜ਼ਮੀ
* ਪਿੰਡਾਂ/ਸ਼ਹਿਰਾਂ ਦੇ ਮੋਹਤਬਰ ਵੀ ਅਜਿਹੇ ਵਿਅਕਤੀਆਂ ਬਾਰੇ ਪ੍ਰਸ਼ਾਸਨ ਨਾਲ ਕਰਨ ਰਾਬਤਾ

ਬਰਨਾਲਾ, 5 ਜੂਨ
ਕਰੋਨਾ ਵਾਇਰਸ ਦੇ ਸੰਕਟ ਦੌਰਾਨ ਬਾਹਰਲੇ ਸੂਬਿਆਂ ਤੋਂ ਜ਼ਿਲ੍ਹਾ ਬਰਨਾਲਾ ਵਿਚ ਆਉਣ ਵਾਲੇ ਪਰਵਾਸੀ ਮਜ਼ਦੂਰ ਜਾਂ ਹੋਰ ਵਿਅਕਤੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਪਣੀ ਜਾਣਕਾਰੀ ਲਾਜ਼ਮੀ ਦੇਣ।

ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਕੋਵਿਡ 19 ਵਿਰੁੱਧ ਹਰ ਸੰਭਵ ਯਤਨ ਕਰ ਰਿਹਾ ਹੈ ਤੇ ਜ਼ਿਲ੍ਹੇ ਦੇ ਨਾਗਰਿਕ ਅਤੇ ਬਾਹਰੋਂ ਆਉਣ ਵਾਲੇ ਵੀ ਆਪਣਾ ਬਣਦਾ ਫਰਜ਼ ਨਿਭਾਉਣ।

ਉਨ੍ਹਾਂ ਕਿਹਾ ਕਿ ਜਿਹੜੇ ਵੀ ਵਿਅਕਤੀ ਜਾਂ ਪਰਵਾਸੀ ਮਜ਼ਦੂਰ ਬਾਹਰੋਂ ਜ਼ਿਲ੍ਹਾ ਬਰਨਾਲਾ ਵਿਚ ਆ ਰਹੇ ਹਨ, ਉਹ ਪਹਿਲ ਦੇ ਆਧਾਰ ’ਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਬਣਾਉਣ ਅਤੇ ਆਪਣੇ ਬਾਰੇ ਜਾਣਕਾਰੀ ਦੇਣ ਤਾਂ ਜੋ ਸਿਹਤ ਵਿ ਭਾਗ ਵੱਲੋਂ ਉਨ੍ਹਾਂ ਨੂੰ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ ਜਾ ਸਕਣ। ਉਨ੍ਹਾਂ ਆਖਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਪਣੇ ਪੱਧਰ ’ਤੇ ਤਾਂ ਬਾਹਰੋਂ ਆਉਣ ਵਾਲਿਆਂ ’ਤੇ ਨਜ਼ਰ ਰੱਖੀ ਹੀ ਜਾ ਰਹੀ ਹੈ, ਪਰ ਲੋਕ ਵੀ ਆਪਣਾ ਫਰਜ਼ ਨਿਭਾਉਣ। ਉਨ੍ਹਾਂ ਆਖਿਆ ਕਿ ਅਜਿਹੀ ਜਾਣਕਾਰੀ ਲੁਕਾਉਣ ਨਾਲ ਉਸ ਵਿਅਕਤੀ ਦਾ ਆਪਣਾ ਹੀ ਨਹੀਂ, ਬਲਕਿ ਪੂਰੇ ਪਰਿਵਾਰ ਤੇ ਹੋਰ ਕਈ ਵਿਅਕਤੀਆਂ ਦਾ ਨੁਕਸਾਨ ਹੋ ਸਕਦਾ ਹੈ। ਇਸ ਲਈ ਬਾਹਰੋਂ ਆਉਣ ਵਾਲੇ ਬਿਨਾਂ ਕਿਸੇ ਡਰ ਜਾਂ ਝਿਜਕ ਤੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੂਚਿਤ ਕਰਨ।

ਉਨ੍ਹਾਂ ਸ਼ਹਿਰਾਂ ਵਿਚ ਮਿਉਂਸਿਪਲ ਅਧਿਕਾਰੀਆਂ, ਪਿੰਡਾਂ ਵਿਚ ਸਰਪੰਚਾਂ, ਨੰਬਰਦਾਰਾਂ ਤੇ ਹੋਰ ਮੋਹਤਬਰ ਵਿਅਕਤੀਆਂ ਨੂੰ ਬਾਹਰੋਂ ਆਉਣ ਵਾਲਿਆਂ ਦੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਪਹਿਲ ਦੇ ਆਧਾਰ ’ਤੇ ਦੇਣ ਲਈ ਆਖਿਆ। ਉਨ੍ਹਾਂ ਆਖਿਆ ਕਿ ਅਜਿਹੇ ਵਿਅਕਤੀਆਂ ਬਾਰੇ ਜਾਣਕਾਰੀ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ 01679-230032 ਜਾਂ ਵਟਸਐਪ ਨੰਬਰ 99152-74032 ਜਾਂ 75280-34032 ’ਤੇ ਦਿੱਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਸਿਹਤ ਵਿਭਾਗ ਦੇ ਕੰਟਰੋਲ ਰੂਮ ਨੰਬਰ 01679-234777, 98721-95649, 76528-95649, 99153-05649 ’ਤੇ ਦਿੱਤੀ ਜਾ ਸਕਦੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਜ਼ਿਲ੍ਹਾ ਬਰਨਾਲਾ 'ਚ 'ਮਿਸ਼ਨ ਫਤਿਹ' ਤਹਿਤ ਜਾਗਰੂਕਤਾ ਗਤੀਵਿਧੀਆਂ ਜਾਰੀ
* ਕਰੋਨਾ ਵਾਇਰਸ ਤੋਂ ਬਚਾਅ ਲਈ ਇਹਤਿਆਤ ਵਰਤਣ ਦਾ ਸੱਦਾ

ਬਰਨਾਲਾ, 5 ਜੂਨ
ਪੰਜਾਬ ਸਰਕਾਰ ਵੱਲੋਂ ਕਰੋਨਾ ਵਾਇਰਸ ਵਿਰੁੱਧ ਵਿੱਢੀ 'ਮਿਸ਼ਨ ਫਤਿਹ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਦੀ ਅਗਵਾਈ ਵਿਚ ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਵੱਲੋਂ ਜਾਗਰੂਕਤਾ ਗਤੀਵਿਧੀਆਂ ਜਾਰੀ ਹਨ।
ਇਸ ਤਹਿਤ ਡਿਪਟੀ ਮਾਸ ਮੀਡੀਆ ਅਫਸਰ ਕੁਲਦੀਪ ਸਿੰਘ ਦੀ ਟੀਮ ਵੱਲੋਂ ਬਰਨਾਲਾ ਤੋਂ ਇਲਾਵਾ ਪੱਖੋ ਕੈਂਚੀਆਂ, ਤਪਾ, ਸ਼ਹਿਣਾ ਅਤੇ ਭਦੌੜ ਵਿਚ 'ਮਿਸ਼ਨ ਫਤਿਹ' ਤਹਿਤ ਲੋਕਾਂ ਨੂੰ ਜਾਗਰੂਕ ਕੀਤਾ ਗਿਆ।
ਇਸ ਮੌਕੇ ਕੁਲਦੀਪ ਸਿੰਘ ਨੇ ਆਖਿਆ ਕਿ ਮਿਸ਼ਨ ਫਤਿਹ ਦਾ ਮਕਸਦ ਲੋੜੀਂਦੀਆਂ ਸਾਵਧਾਨੀਆਂ ਵਰਤ ਕੇ ਕਰੋਨਾ ਵਾਇਸਰ 'ਤੇ ਪੂਰੀ ਤਰ੍ਹਾਂ ਫਤਿਹ ਪਾਉਣਾ ਹੈ। ਇਸ ਵਾਸਤੇ ਜ਼ਰੂਰੀ ਹੈ ਕਿ ਜਨਤਕ ਥਾਵਾਂ 'ਤੇ ਜਾਂਦੇ ਸਮੇਂ ਮਾਸਕ ਜ਼ਰੂਰ ਪਾਇਆ ਜਾਵੇ। ਇਸ ਤੋਂ ਇਲਾਵਾ ਆਪਣੇ ਹੱਥਾਂ ਦੀ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਆਪਣੇ ਹੱਥ ਸਾਬਣ ਪਾਣੀ ਨਾਲ ਧੋਤੇ ਜਾਣ ਜਾਂ ਸੈਨੇਟਾਈਜ਼ ਕੀਤੇ ਜਾਣ । ਉਨ੍ਹਾਂ ਕਿਹਾ ਕਿ ਅਜਿਹੇ ਇਹਤਿਆਤ ਵਰਤ ਕੇ ਹੀ ਕਰੋਨਾ ਵਾਇਰਸ ਤੋਂ ਬਚਾਅ ਕੀਤਾ ਜਾ ਸਕਦਾ ਹੈ।
ਇਸ ਮੌਕੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਜੇਕਰ ਕੋਈ ਵਿਅਕਤੀ ਬਾਹਰੋਂ ਜ਼ਿਲ੍ਹੇ ਵਿਚ ਦਾਖਲ ਹੁੰਦਾ ਹੈ ਤਾਂ ਉਹ ਆਪਣੀ ਜਾਣਕਾਰੀ ਸਿਹਤ ਵਿਭਾਗ ਜਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਜ਼ਰੂਰ ਦੇਵੇ ਤਾਂ ਜੋ ਉਸ ਨੂੰ ਘਰ ਵਿਚ ਇਕਾਂਤਵਾਸ ਰੱਖਿਆ ਜਾ ਸਕੇ।
ਇਸ ਮੌਕੇ ਸਿਹਤ ਕਰਮਚਾਰੀ ਸੁਲੱਖਣ ਸਿੰਘ, ਗੁਰਤੇਜ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

--------ਵੰਡੀ ਜਾ ਹਰਿਆਲੀਆਂ--------
ਡਿਪਟੀ ਕਮਿਸ਼ਨਰ ਵੱਲੋਂ ਪਿੰਡ ਕੱਟੂ ਵਿਚ 500 ਪੌਦੇ ਲਾਉਣ ਦੀ ਸ਼ੁਰੂਆਤ
* ਕੱਟੂ ਸਕੂਲ ਵਿਚ ਪੌਦਾ ਲਾ ਕੇ ਕੀਤਾ ਆਗਾਜ਼
* ਜ਼ਿਲ੍ਹਾ ਵਾਸੀਆਂ ਨੂੰ ਹਰਿਆਵਲ ਮੁਹਿੰਮ ਨੂੰ ਹੁਲਾਰਾ ਦੇਣ ਦਾ ਸੱਦਾ

ਬਰਨਾਲਾ/ਧਨੌਲਾ, 5 ਜੂਨ
ਵਿਸ਼ਵ ਵਾਤਾਵਰਨ ਦਿਵਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਵਿਖੇ ਪੌਦਾ ਲਾਇਆ ਗਿਆ।
ਇਸ ਮੌਕੇ ਉਨ੍ਹਾਂ ਆਖਿਆ ਕਿ ਵਾਤਾਵਰਨ ਵਿਚ ਆ ਰਹੀਆਂ ਤਬਦੀਲੀਆਂ ਨੂੰ ਦੇਖਦਿਆਂ ਅੱਜ ਸੁਚੇਤ ਹੋਣ ਦੀ ਵੱਡੀ ਲੋੜ ਹੈ। ਵਾਤਾਵਰਨ ਸੰਤੁਲਨ ਲਈ ਜ਼ਰੂਰੀ ਹੈ ਕਿ ਵੱਧ ਤੋਂ ਵੱਧ ਹਰਿਆਵਲ ਹੋਵੇ। ਇਸ ਲਈ ਹਰ ਮਨੁੱਖ ਪੌਦੇ ਜ਼ਰੂਰ ਲਾਵੇ ਅਤੇ ਉਨ੍ਹਾਂ ਦੀ ਸੰਭਾਲ ਕਰੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਨੇ ਆਖਿਆ ਕਿ ਪੰਚਾਇਤੀ ਵਿਭਾਗ ਵੱਲੋਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਪਿਛਲੇ ਸਾਲ ਵੱਡੀ ਗਿਣਤੀ ਪੌਦੇ ਪਿੰਡਾਂ ਦੀਆਂ ਸਾਂਝੀਆਂ ਥਾਵਾਂ 'ਤੇ ਲਾਏ ਗਏ ਹਨ ਅਤੇ ਇਸ ਮੁਹਿੰਮ ਵਿਚ ਲਗਾਤਾਰ ਯੋਗਦਾਨ ਪਾਇਆ ਜਾਵੇਗਾ। ਇਸ ਮੌਕੇ ਪੰਚਾਇਤੀ ਨੁਮਾਇੰਦਿਆਂ ਨੇ ਆਖਿਆ ਕਿ ਪਿੰਡ ਦੀਆਂ ਵੱਖ ਵੱਖ ਥਾਵਾਂ 'ਤੇ ਵਾਤਾਵਰਨ ਦਿਵਸ ਨੂੰ ਸਮਰਪਿਤ 500 ਪੌਦੇ ਲਾਏ ਜਾਣਗੇ।
ਇਸ ਮੌਕੇ ਵਣ ਅਫਸਰ ਅਜੀਤ ਸਿੰਘ ਧਨੌਲਾ, ਸਕੂਲ ਪ੍ਰਿੰਸੀਪਲ ਰਾਕੇਸ਼ ਕੁਮਾਰ ਗਰਗ, ਸਰਪੰਚ ਮਨਛਿੰਦਰ ਸਿੰਘ ਤੇ ਪੰਚ, ਵਾਤਾਵਰਨ ਪ੍ਰੇਮੀ ਚੰਦ ਸਿੰਘ ਬੰਗੜ, ਜਥੇਦਾਰ ਸਰਬਜੀਤ ਸਿੰਘ ਕੱਟੂ ਨੇ ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਦਾ ਧੰਨਵਾਦ ਕੀਤਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

--------ਵੰਡੀ ਜਾ ਹਰਿਆਲੀਆਂ---------

ਹਰ ਮਨੁੱਖ ਹਰਿਆਵਲ ਮੁਹਿੰਮ ਵਿੱਚ ਯੋਗਦਾਨ ਪਾਵੇ: ਤੇਜ ਪ੍ਰਤਾਪ ਸਿੰਘ ਫੂਲਕਾ

* ਵਿਸ਼ਵ ਵਾਤਾਵਰਨ ਦਿਵਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪੌਦਾ ਲਾ ਕੇ ਮੁਹਿੰਮ ਦਾ ਆਗਾਜ਼
* ਨਗਰ ਕੌਂਸਲ ਵੱਲੋਂ ਵੱਖ ਵੱਖ ਥਾਵਾਂ 'ਤੇ ਲਾਏ ਗਏ 50 ਪੌਦੇ

ਬਰਨਾਲਾ, 5 ਜੂਨ
ਅੱਜ ਸਮੇਂ ਦੀ ਵੱਡੀ ਲੋੜ ਹੈ ਕਿ ਕੁਦਰਤ ਲਈ ਸਮਾਂ ਕੱਢ ਕੇ ਪੌਦੇ ਲਾਉਣ ਦਾ ਪ੍ਰਣ ਕੀਤਾ ਜਾਵੇ ਤਾਂ ਜੋ ਅਸੀਂ ਹਰਿਆਵਲ ਮੁਹਿੰਮ ਨੂੰ ਹੁਲਾਰਾ ਦੇ ਸਕੀਏ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਅੱਜ ਵਿਸ਼ਵ ਵਾਤਾਵਰਨ ਦਿਵਸ ਮੌਕੇ ਬਰਨਾਲਾ ਵਿਖੇ ਨਗਰ ਕੌਂਸਲ ਦੇ ਸੈਨੀਟੇਸ਼ਨ ਬਰਾਂਚ ਦਫਤਰ ਵਿਖੇ ਪੌਦਾ ਲਾਉਣ ਮੌਕੇ ਕੀਤਾ ਗਿਆ।

ਇਸ ਮੌਕੇ ਨਗਰ ਕੌਂਸਲ ਬਰਨਾਲਾ ਵੱਲੋਂ 50 ਦੇ ਕਰੀਬ ਪੌਦੇ ਲਾਏ ਗਏ। ਇਹ ਪੌਦੇ ਨਗਰ ਕੌਂਸਲ ਦੇ ਮੁੱਖ ਦਫਤਰ, ਸੈਨੀਟੇਸ਼ਨ ਦਫਤਰ ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲਾਏ ਗਏ। ਇਸ ਮੌਕੇ ਨਗਰ ਕੌਂਸਲ ਬਰਨਾਲਾ ਦੇ ਕਾਰਜਸਾਧਕ ਅਫਸਰ ਮਨਪ੍ਰੀਤ ਸਿੰਘ ਸਿੱਧੂ ਨੇ ਆਖਿਆ ਕਿ ਅੱਜ ਦੇ ਦੌਰ ਵਿਚ ਆ ਰਹੀਆਂ ਵਾਤਾਵਰਨ ਤਬਦੀਲੀਆਂ ਦੇ ਮੱਦੇਨਜ਼ਰ ਕੁਦਰਤ ਵੱਲ ਮੁੜਨਾ ਬੇਹੱਦ ਜ਼ਰੂਰੀ ਹੈ, ਜਿਸ ਦੇ ਮੱਦੇਨਜ਼ਰ ਨਗਰ ਕੌਂਸਲ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਵੱਲੋਂ ਵੀ ਪੌਦਾ ਲਾਇਆ ਗਿਆ।

ਇਸ ਮੌਕੇ ਏਐਮਈ ਇੰਦਰਜੀਤ ਸਿੰਘ, ਸੁਪਰਡੈਂਟ ਹਰਪ੍ਰੀਤ ਸਿੰਘ, ਸੈਨੇਟਰੀ ਇੰਸਪੈਕਟਰ ਅੰਕੁਸ਼ ਸਿੰਗਲਾ, ਸੀਐਫ ਪਾਰੁਲ ਗਰਗ, ਅਰਬਨ ਟਾਊਨ ਪਲਾਨਰ ਮੈਡਮ ਨੀਲਮ ਤੇ ਨਗਰ ਕੌਂਸਲ ਦੇ ਸਫਾਈ ਸੇਵਕ ਹਾਜ਼ਰ ਸਨ।